ਪ੍ਰਭਾਤੀ ਮਹਲਾ ੩ ॥ਗੁਰਮੁਖਿ ਹਰਿ ਸਾਲਾਹਿਆ ਜਿੰਨਾ ਤਿਨ ਸਲਾਹਿ ਹਰਿ ਜਾਤਾ ॥ ਵਿਚਹੁ ਭਰਮੁ ਗਇਆ ਹੈ ਦੂਜਾ ਗੁਰ ਕੈ ਸਬਦਿ ਪਛਾਤਾ ॥੧॥ ਹਰਿ ਜੀਉ ਤੂ ਮੇਰਾ ਇਕੁ ਸੋਈ ॥ ਤੁਧੁ ਜਪੀ ਤੁਧੈ ਸਾਲਾਹੀ ਗਤਿ ਮਤਿ ਤੁਝ ਤੇ ਹੋਈ ॥ ੧॥ ਰਹਾਉ ॥ ਗੁਰਮੁਖਿ ਸਾਲਾਹਨਿ ਸੇ ਸਾਦੁ ਪਾਇਨਿ ਮੀਠਾ ਅੰਮ੍ਰਿਤੁ ਸਾਰੁ ॥ ਸਦਾ ਮੀਠਾ ਕਦੇ ਨ ਫੀਕਾਗੁਰ ਸਬਦੀ ਵੀਚਾਰੁ ॥੨॥ ਜਿਨਿ ਮੀਠਾ ਲਾਇਆ ਸੋਈ ਜਾਣੈ ਤਿਸੁ ਵਿਟਹੁ ਬਲਿ ਜਾਈ ॥ ਸਬਦਿ ਸਲਾਹੀ ਸਦਾ ਸੁਖਦਾਤਾ ਵਿਚਹੁ ਆਪੁ ਗਵਾਈ ॥ ੩॥ ਸਤਿਗੁਰੁ ਮੇਰਾ ਸਦਾ ਹੈ ਦਾਤਾ ਜੋ ਇਛੈ ਸੋ ਫਲੁ ਪਾਏ ॥ ਨਾਨਕ ਨਾਮੁ ਮਿਲੈ ਵਡਿਆਈ ਗੁਰ ਸਬਦੀ ਸਚੁ ਪਾਏ ॥੪॥੩॥ {ਪੰਨਾ 1333}

ਪਦ ਅਰਥ:- ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ। ਸਾਲਾਹਿਆ—ਸਿਫ਼ਤਿ-ਸਾਲਾਹ ਕੀਤੀ। ਸਲਾਹਿ ਜਾਤਾ—ਸਿਫ਼ਤਿ-ਸਾਲਾਹ ਕਰਨ ਦੀ ਜਾਚ ਆਈ। ਭਰਮੁ ਦੂਜਾ—ਮਾਇਆ ਵਾਲੀ ਭਟਕਣਾ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ।1।

ਸੋਈ—ਸਾਰ ਲੈਣ ਵਾਲਾ। ਜਪੀ—ਜਪੀਂ, ਮੈਂ ਜਪਦਾ ਹਾਂ। ਤੁਧੈ—ਤੈਨੂੰ ਹੀ। ਸਾਲਾਹੀ—ਸਾਲਾਹੀਂ, ਮੈਂ ਸਲਾਹੁੰਦਾ ਹਾਂ। ਗਤਿ—ਉਚੀ ਆਤਮਕ ਅਵਸਥਾ। ਤੁਝ ਤੇ—ਤੇਰੇ ਪਾਸੋਂ।1। ਰਹਾਉ।

ਸਾਲਾਹਨਿ—ਸਲਾਹੁੰਦੇ ਹਨ (ਬਹੁ-ਵਚਨ)। ਸੇ—ਉਹ (ਬਹੁ-ਵਚਨ)। ਸਾਦੁ—ਸੁਆਦ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਸਾਰੁ—ਸ੍ਰੇਸ਼ਟ। ਗੁਰ ਸਬਦੀ—ਗੁਰੂ ਦੇ ਸ਼ਬਦ ਦੀ ਰਾਹੀਂ।2।

ਜਿਨਿ—ਜਿਸ (ਪਰਮਾਤਮਾ) ਨੇ (ਇਕ-ਵਚਨ)। ਵਿਟਹੁ—ਤੋਂ। ਜਾਈ—ਜਾਈਂ, ਮੈਂ ਜਾਂਦਾ ਹਾਂ। ਸਬਦਿ—ਸਬਦ ਦੀ ਰਾਹੀਂ। ਆਪੁ—ਆਪਾ-ਭਾਵ। ਗਵਾਈ—ਗਵਾਇ, ਦੂਰ ਕਰ ਕੇ।3।

ਇਛੈ—ਮੰਗਦਾ ਹੈ (ਇਕ-ਵਚਨ)। ਸਚੁ—ਸਦਾ ਕਾਇਮ ਰਹਿਣ ਵਾਲਾ ਹਰੀ।4।

ਅਰਥ:- ਹੇ ਪ੍ਰਭੂ ਜੀ! ਮੇਰੀ ਸਾਰ ਲੈਣ ਵਾਲਾ ਸਿਰਫ਼ ਇਕ ਤੂੰ ਹੀ ਹੈਂ। ਮੈਂ (ਸਦਾ) ਤੈਨੂੰ (ਹੀ) ਜਪਦਾ ਹਾਂ, ਮੈਂ (ਸਦਾ) ਤੈਨੂੰ ਹੀ ਸਲਾਹੁੰਦਾ ਹਾਂ। ਉੱਚੀ ਆਤਮਕ ਅਵਸਥਾ ਤੇ ਉੱਚੀ ਅਕਲ ਤੈਥੋਂ ਹੀ ਮਿਲਦੀ ਹੈ।1। ਰਹਾਉ।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕੀਤੀ, ਉਹਨਾਂ ਨੇ ਹੀ ਸਿਫ਼ਤਿ-ਸਾਲਾਹ ਕਰਨੀ ਸਿੱਖੀ। ਉਹਨਾਂ ਦੇ ਅੰਦਰੋਂ ਮਾਇਆ ਵਾਲੀ ਭਟਕਣਾ ਦੂਰ ਹੋ ਜਾਂਦੀ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਹ ਪਰਮਾਤਮਾ ਨਾਲ ਸਾਂਝ ਪਾ ਲੈਂਦੇ ਹਨ।1।

ਹੇ ਭਾਈ! ਜਿਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਉਹ (ਉਸ ਦਾ) ਆਨੰਦ ਮਾਣਦੇ ਹਨ। ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਉਹਨਾਂ ਨੂੰ ਮਿੱਠਾ ਲੱਗਦਾ ਹੈ (ਹੋਰ ਸਭ ਪਦਾਰਥਾਂ ਨਾਲੋਂ) ਸ੍ਰੇਸ਼ਟ ਲੱਗਦਾ ਹੈ। (ਉਹ ਮਨੁੱਖ) ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੇ ਨਾਮ ਦਾ) ਵਿਚਾਰ (ਕਰਦੇ ਹਨ, ਉਸ ਦਾ ਸੁਆਦ ਉਹਨਾਂ ਨੂੰ) ਸਦਾ ਮਿੱਠਾ ਲੱਗਦਾ ਹੈ, ਕਦੇ ਬੇ-ਸੁਆਦਾ ਨਹੀਂ ਜਾਪਦਾ।2।

ਪਰ, ਹੇ ਭਾਈ! ਜਿਸ (ਪਰਮਾਤਮਾ) ਨੇ (ਆਪਣਾ ਨਾਮ) ਮਿੱਠਾ ਮਹਿਸੂਸ ਕਰਾਇਆ ਹੈ, ਉਹ ਆਪ ਹੀ (ਇਸ ਭੇਤ ਨੂੰ) ਜਾਣਦਾ ਹੈ। ਮੈਂ ਉਸ ਤੋਂ ਸਦਾ ਸਦਕੇ ਜਾਂਦਾ ਹਾਂ। ਮੈਂ (ਗੁਰੂ ਦੇ) ਸ਼ਬਦ ਦੀ ਰਾਹੀਂ (ਆਪਣੇ) ਅੰਦਰੋਂ ਆਪਾ-ਭਾਵ ਦੂਰ ਕਰ ਕੇ ਉਸ ਸੁਖ-ਦਾਤੇ ਪਰਮਾਤਮਾ ਦੀ ਸਦਾ ਸਿਫ਼ਤਿ-ਸਾਲਾਹ ਕਰਦਾ ਹਾਂ।3।

ਹੇ ਭਾਈ! ਪਿਆਰਾ ਗੁਰੂ ਸਦਾ (ਹਰੇਕ) ਦਾਤਿ ਦੇਣ ਵਾਲਾ ਹੈ ਜਿਹੜਾ ਮਨੁੱਖ (ਗੁਰੂ ਪਾਸੋਂ) ਮੰਗਦਾ ਹੈ, ਉਹ ਫਲ ਹਾਸਲ ਕਰ ਲੈਂਦਾ ਹੈ। ਹੇ ਨਾਨਕ! (ਗੁਰੂ ਪਾਸੋਂ ਪਰਮਾਤਮਾ ਦਾ) ਨਾਮ ਮਿਲਦਾ ਹੈ (ਇਹੀ ਹੈ ਅਸਲ) ਇੱਜ਼ਤ। ਗੁਰੂ ਦੇ ਸ਼ਬਦ ਦੀ ਰਾਹੀਂ (ਮਨੁੱਖ) ਸਦਾ-ਥਿਰ ਪ੍ਰਭੂ ਨੂੰ ਮਿਲ ਪੈਂਦਾ ਹੈ।4।3।